2023155432

# ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ।

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ ਛੇਵੀਂ ਮੰਜਿਲ, ਫੇਜ਼-8, ਮੋਹਾਲੀ

MISSION 100%
GIVE YOUR BEST
MARCH 2024

2023

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ:ਸਿੱ),
ਪੰਜਾਬ।

ਪੱਤਰ ਨੰ: ਐਸ.ਸੀ.ਈ.ਆਰ.ਟੀ/2023/6
ਮਿਤੀ: 16.11.2023

**ਵਿਸ਼ਾ:-** **ਵਾਧੂ ਜਮਾਤਾਂ (Extra Classes) ਲਗਾਉਣ ਸਬੰਧੀ।**

**1.0** ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਸਾਲ 2022-23 ਦੌਰਾਨ ਮਾਨਯੋਗ ਸਿੱਖਿਆ ਮੰਤਰੀ ਪੰਜਾਬ ਜੀ ਦੀ ਰਹਿਨੁਮਾਈ ਹੇਠ ਮਿਸ਼ਨ 100% ਗਿਵ ਯੂਅਰ ਬੈਸਟ ਦੀ ਸ਼ੁਰੂਆਤ ਕੀਤੀ ਗਈ ਸੀ।ਇਸ ਮਿਸ਼ਨ ਦਾ ਮੁੱਖ ਮਕਸਦ ਬੋਰਡ ਜਮਾਤਾਂ ਦੇ ਵਿਦਿਆਰਥੀਆਂ ਦੀ ਸਲਾਨਾ ਪ੍ਰੀਖਿਆ (ਮਾਰਚ 2023) ਵਿੱਚ ਸਫਲਤਾ ਨੂੰ ਸੌ ਫੀਸਦੀ ਯਕੀਨੀ ਬਣਾਉਣਾ ਸੀ।ਇਸ ਮਿਸ਼ਨ ਦੇ ਬਹੁਤ ਸਾਰਥਕ ਨਤੀਜੇ ਪ੍ਰਾਪਤ ਹੋਏ ਸਨ।

**2.0** ਇਸ ਵਾਰ ਵੀ ਬੋਰਡ ਜਮਾਤਾਂ ਦੇ ਵਿਦਿਆਰਥੀਆਂ ਦੀਆਂ ਸਲਾਨਾ ਪ੍ਰੀਖਿਆਵਾਂ ਵਿੱਚ ਸਫਲਤਾ ਨੂੰ ਯਕੀਨੀ ਬਣਾਉਣ ਲਈ ਸਕੂਲਾਂ ਵੱਲੋਂ ਆਪਣੇ ਪੱਧਰ ਤੇ ਹੁਣ ਤੋਂ ਹੀ ਯਤਨ ਆਰੰਭੇ ਜਾਣ।

**3.0** ਸਲਾਨਾ ਪ੍ਰੀਖਿਆਵਾਂ ਨੂੰ ਮੁੱਖ ਰੱਖਦੇ ਹੋਏ ਵਿਸ਼ਾ ਅਧਿਆਪਕਾਂ ਨੂੰ ਵਿਦਿਆਰਥੀਆਂ ਦੇ ਟਰਮ-1, ਸਤੰਬਰ 2023 ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ 40% ਤੋਂ ਘੱਟ ਅੰਕ, 40% ਤੋਂ 80% ਅੰਕ, 80% ਤੋਂ ਵੱਧ ਅੰਕਾਂ ਵਾਲੇ ਵਿਦਿਆਰਥੀਆਂ ਦੇ ਗਰੁੱਪਾਂ ਵਿੱਚ ਵੰਡ ਕਰਦੇ ਹੋਏ , ਉਹਨਾਂ ਦੀ ਜਰੂਰਤ ਨੂੰ ਧਿਆਨ ਵਿੱਚ ਰੱਖਦੇ ਹੋਏ, ਸਕੂਲ ਸਮੇਂ ਤੋਂ ਪਹਿਲਾਂ ਅਤੇ ਸਕੂਲ ਸਮੇਂ ਤੋਂ ਬਾਅਦ ਵਾਧੂ ਜਮਾਤਾਂ ਲਗਾਉਣ ਲਈ ਪ੍ਰੇਰਿਤ ਕੀਤਾ ਜਾਵੇ।

**4.0** ਇਸੇ ਤਰਾਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦੀ ਰੁੱਚੀ ਨੂੰ ਧਿਆਨ ਵਿੱਚ ਰੱਖਦੇ ਹੋਏ NEET, JEE & CLAT ਆਦਿ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਸਬੰਧਤ ਅਧਿਆਪਕਾਂ ਨੂੰ ਵਾਧੂ ਜਮਾਤਾਂ ਲਗਾਉਣ ਲਈ ਪ੍ਰੇਰਿਤ ਕੀਤਾ ਜਾਵੇ।

**5.0** ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜਿਲ੍ਹੇ ਦੇ ਸਮੂਹ ਸਕੂਲ ਮੁੱਖੀਆਂ ਨੂੰ ਤੁਰੰਤ ਪ੍ਰਭਾਵ ਨਾਲ ਸਕੂਲਾਂ ਵਿੱਚ ਵਾਧੂ ਜਮਾਤਾਂ ਸ਼ੁਰੂ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਉਹ ਆਪਣੇ ਸਕੂਲਾਂ ਦੇ ਵਿਸ਼ਾ ਅਧਿਆਪਕਾਂ ਨੂੰ ਵਾਧੂ ਜਮਾਤਾਂ ਲਗਾਉਣ ਲਈ ਪ੍ਰੇਰਿਤ ਕਰਨ ਅਤੇ ਇਸਦਾ ਸਾਰਾ ਰਿਕਾਰਡ ਆਪ ਵੱਲੋਂ ਅਤੇ ਸਕੂਲ ਮੁੱਖੀ ਵੱਲੋਂ ਆਪਣੇ ਪੱਧਰ ਤੇ ਰੱਖਿਆ ਜਾਵੇ।

**6.0** ਆਪ ਨੂੰ ਇਹ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਜ਼ਿਲ੍ਹੇ ਦੇ ਸਕੂਲਾਂ ਵਿੱਚ ਚੱਲ ਰਹੀਆਂ ਵਾਧੂ ਜਮਾਤਾਂ ਵਿੱਚ ਸ਼ਿਰਕਤ ਕਰਦੇ ਹੋਏ ਵਿਸ਼ਾ ਅਧਿਆਪਕਾਂ ਦੀ ਹੌਸਲਾ ਅਫਜਾਈ ਵੀ ਕੀਤੀ ਜਾਵੇ।

**ਅਵਿਕੇਸ਼ ਗੁਪਤਾ, ਪੀ.ਸੀ.ਐਸ,**
ਡਾਇਰੈਕਟਰ ਐਸ.ਸੀ.ਈ.ਆਰ.ਟੀ,
ਪੰਜਾਬ।

ਪਿੱਠ ਅੰਕਣ ਨੰ ਉਕਤ ਮਿਤੀ: .11.2023
ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ.ਟੂ ਮਾਨਯੋਗ ਸਿੱਖਿਆ ਮੰਤਰੀ
2. ਪੀ.ਏ.ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਪੀ.ਏ.ਟੂ ਮਾਨਯੋਗ ਡੀ.ਜੀ.ਐਸ.ਈ
4. ਪੀ.ਏ.ਟੂ ਡਾਇਰੈਕਟਰ ਸਕੂਲ ਸਿੱਖਿਆ (ਸੈ:ਸਿੱ),ਪੰਜਾਬ।